ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## 37 ਨਮੂਨਿਆਂ ਦੀ ਰਿਪੋਟ ਆਈ ਨੈਗੇਟਿਵ, 64 ਦੀ ਰਿਪੋਟ ਆਉਣੀ ਬਕਾਇਆ

## -ਮੰਗਲਵਾਰ ਨੂੰ ਲਏ 74 ਨਵੇਂ ਸੈਂਪਲ

## -ਹਰਿਆਣਾ ਨਾਲ ਲੱਗਦੀ ਅੰਤਰਰਾਜੀ ਸਰੱਹਦ ਤੇ ਚੌਕਸੀ ਵਧਾਈ

ਬਠਿੰਡਾ, 28 ਅਪ੍ਰੈਲ

ਬਠਿੰਡਾ ਜਿਲ੍ਹੇ ਵਿਚੋਂ ਐਤਵਾਰ ਨੂੰ ਲਏ ਗਏ 42 ਨਮੂਨਿਆਂ ਵਿਚੋਂ 37 ਦੀ ਰਿਪੋਟ ਨੈਗੇਟਿਗ ਪ੍ਰਾਪਤ ਹੋਈ ਹੈ।ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਐਤਵਾਰ ਨੂੰ ਲਏ ਨਮੂਨਿਆਂ ਵਿਚੋਂ 5 ਦੀ ਅਤੇ ਸੋਮਵਾਰ ਨੂੰ ਲਏ 59 ਨਮੂਨਿਆਂ ਦੀ ਰਿਪੋਟ ਆਉਣੀ ਬਕਾਇਆ ਹੈ। ਇਸ ਤੋਂ ਬਿਨ੍ਹਾਂ ਮੰਗਲਵਾਰ ਨੂੰ 74 ਨਵੇਂ ਨਮੂਨੇ ਲਏ ਗਏ ਹਨ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਕਰਫਿਊ ਦੀ ਸਖ਼ਤੀ ਨਾਲ ਪਾਲਣਾ ਦੀ ਅਪੀਲ ਕੀਤੀ ਹੈ।

ਇਸੇ ਤਰਾਂ ਜ਼ਿਲ੍ਹੇ ਦੀਆਂ ਹਰਿਆਣਾ ਨਾਲ ਲਗਦੀਆਂ ਹੱਦਾਂ ਤੇ ਚੌਕਸੀ ਹੋਰ ਵਧਾ ਕੇ ਇੱਥੇ ਟੀਮਾਂ ਦੀ ਤਾਇਨਾਤੀ ਕੀਤੀ ਗਈ ਹੈ ਜ਼ੋ ਕਿ ਆਉਣ ਵਾਲਿਆਂ ਸਬੰਧੀ ਸਾਰੇ ਵੇਰਵੇ ਇੱਕਤਰ ਕਰਨ ਦੇ ਨਾਲ ਨਾਲ ਉਨ੍ਹਾਂ ਦੀ ਮੈਡੀਕਲ ਚੈਕਅੱਪ ਕੀਤਾ ਜਾਵੇਗਾ ਅਤੇ ਜੇਕਰ ਕਿਸੇ ਨੂੰ ਕੋਵਿਡ ਦੇ ਲੱਛਣ ਪਾਏ ਜਾਣਗੇ ਤਾਂ ਤੁਰੰਤ ਉਸ ਨੂੰ ਹਸਪਤਾਲ ਵਿਚ ਦਾਖਲ ਕਰਵਾਇਆ ਜਾਵੇਗਾ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

# ਸਵੀਗੀ ਜ਼ੋਮੈਟੋ ਨੂੰ ਘਰ ਘਰ ਰਾਸ਼ਨ ਸਪਲਾਈ ਦੀ ਦਿੱਤੀ ਆਗਿਆ ਰੱਦ ਕੀਤੀ

ਬਠਿੰਡਾ, 28 ਅਪ੍ਰੈਲ

ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਬ੍ਰੀ ਸ੍ਰੀਨਿਵਾਸਨ ਨੇ ਇਕ ਵਿਸੇਸ਼ ਹੁਕਮ ਜਾਰੀ ਕਰਕੇ ਬਠਿੰਡਾ ਵਿਚ ਜੋਮੈਟੋ ਅਤੇ ਸਵੀਗੀ ਨੂੰ ਰਾਸ਼ਨ ਦੀ ਹੋਮਡਲੀਵਰੀ ਕਰਨ ਦੀ ਦਿੱਤੀ ਆਗਿਆ ਰੱਦ ਕਰ ਦਿੱਤੀ ਹੈ।ਅਜਿਹਾ ਇਸ ਲਈ ਕੀਤਾ ਗਿਆ ਹੈ ਕਿਉਂਕਿ ਲੋਕਾਂ ਤੋਂ ਸ਼ਿਕਾਇਤਾਂ ਮਿਲ ਰਹੀਆਂ ਸਨ ਕਿ ਇਹ ਲੋਕ ਜਰੂਰੀ ਵਸਤਾਂ ਦੀ ਬਜਾਏ ਗੈਰ ਜਰੂਰੀ ਵਸਤਾਂ ਦੀ ਸਪਲਾਈ ਕਰ ਰਹੇ ਸਨ ਜਿਸ ਨਾਲ ਕੋਵਿਡ 19 ਬਿਮਾਰੀ ਫੈਲਣ ਦਾ ਡਰ ਵੱਧ ਜਾਂਦਾ ਹੈ। ਇਸ ਲਈ ਜ਼ਿਲ੍ਹੇ ਦੇ ਲੋਕਾਂ ਦੀ ਸਿਹਤ ਸਬੰਧੀ ਵੱਡੇ ਹਿੱਤਾਂ ਨੂੰ ਧਿਆਨ ਵਿਚ ਰੱਖਦਿਆਂ ਇੰਨ੍ਹਾਂ ਦੋਹਾਂ ਨੂੰ ਘਰ ਘਰ ਰਾਸ਼ਨ ਸਪਲਾਈ ਕਰਨ ਦੀ ਆਗਿਆ ਰੱਦ ਕਰ ਦਿੱਤੀ ਗਈ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਬਠਿੰਡਾ ਜ਼ਿਲ੍ਹੇ ਵਿਚ 4.71 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ

-456 ਕਰੋੜ ਦੀਆਂ ਅਦਾਇਗੀਆਂ ਕੀਤੀਆਂ

ਬਠਿੰਡਾ, 28 ਅਪ੍ਰੈਲ:

ਬਠਿੰਡਾ ਜ਼ਿਲ੍ਹੇ ਵਿਚ ਸੋਮਵਾਰ ਦੀ ਸ਼ਾਮ ਤੱਕ 4,71,883 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ 284328 ਮੀਟ੍ਰਿਕ ਟਨ ਕਣਕ ਦੀ ਮੰਡੀਆਂ ਵਿਚੋਂ ਲਿਫਟਿੰਗ ਵੀ ਕੀਤੀ ਜਾ ਚੁੱਕੀ ਹੈ।ਸੋਮਵਾਰ ਨੂੰ 49618 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ।ਪਨਗ੍ਰੇਨ ਨੇ ਜ਼ਿਲ੍ਹੇ ਵਿਚ ਦੂਜੀਆਂ ਏਜੰਸੀਆਂ ਦੇ ਮੁਕਾਬਲੇ ਸਭ ਤੋਂ ਵੱਧ ਖਰੀਦ ਕੀਤੀ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ: ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਪਨਗ੍ਰੇਨ ਨੇ 129061 ਮੀਟ੍ਰਿਕ ਟਨ, ਮਾਰਕਫੈਡ ਨੇ 124922 ਮੀਟ੍ਰਿਕ ਟਨ, ਪਨਸਪ ਨੇ 110245 ਮੀਟ੍ਰਿਕ ਟਨ, ਪੰਜਾਬ ਰਾਜ ਵੇਅਰ ਹਾਊਸ ਕਾਰਪੋਰੇਸ਼ਨ ਨੇ 72950 ਮੀਟ੍ਰਿਕ ਟਨ, ਭਾਰਤੀ ਖੁਰਾਕ ਨਿਗਮ ਨੇ 34256 ਟਨ ਅਤੇ ਵਪਾਰੀਆਂ ਨੇ 449 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਹੈ। ਬੀਤੀ ਸ਼ਾਮ ਤੱਕ 456 ਕਰੋੜ ਰੁਪਏ ਦੀਆਂ ਅਦਾਇਗੀਆਂ ਵੀ ਕੀਤੀਆਂ ਗਈਆਂ ਹਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਮਨਰੇਗਾ ਅਧੀਨ ਕੰਮ ਕਰਨ ਵਾਲਿਆਂ ਲਈ ਸਫ਼ਾਈ ਅਤੇ ਸਵੱਛਤਾ ਬਣਾਈ ਰੱਖਣ ਬਾਰੇ ਅਡਵਾਇਜਰੀ ਜਾਰੀ-

ਬਠਿੰਡਾ 28 ਅਪ੍ਰੈਲ:

ਸਿਹਤ ਤੇ ਪਰਿਵਾਰ ਭਲਾਈ ਮੰਤਰੀ ਸ. ਬਲਬੀਰ ਸਿੰਘ ਸਿੱਧੂ ਨੇ ਅੱਜ ਕੋਵਿਡ -19 ਦੇ ਮੱਦੇਨਜਰ ਮਨਰੇਗਾ ਅਧੀਨ ਕੰਮ ਕਰਨ ਵਾਲਿਆਂ ਲਈ ਸਫ਼ਾਈ ਅਤੇ ਸਵੱਛਤਾ ਬਣਾਈ ਰੱਖਣ ਸਬੰਧੀ ਅਡਵਾਇਜਰੀ ਜਾਰੀ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਬਠਿੰਡਾ ਡਾ. ਅਮਰੀਕ ਸਿੰਘ ਸੰਧੂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੋਰੋਨਾ ਵਾਇਰਸ ਦੇ ਫੈਲਾਅ/ਪ੍ਰਸਾਰ ਨੂੰ ਕਾਬੂ ਕਰਨ ਲਈ ਲੋਕ ਹਿੱਤ ਵਿੱਚ ਸਾਰੇ 22 ਜ਼ਿਲ੍ਹਿਆਂ ਵਿੱਚ ਕਰਫਿਊ ਲਗਾ ਕੇ ਲੋਕਾਂ ਦੀਆਂ ਗਤੀਵਿਧੀਆਂ ’ਤੇ ਸਖਤ ਪਾਬੰਦੀਆਂ ਲਗਾਈਆਂ ਗਈਆਂ ਹਨ। ਭਾਵੇਂ ਸਰਕਾਰ ਨੇ ਮਨਰੇਗਾ ਅਧੀਨ ਕੰਮ ਕਰਨ ਵਾਲੇ ਕਾਮਿਆਂ ਦੀਆਂ ਮੁਸਕਲਾਂ ਨੂੰ ਘਟਾਉਣ ਲਈ ਜਰੂਰੀ ਗਤੀਵਿਧੀਆਂ ਮੁੜ ਸ਼ੁਰੂ ਕਰਨ ਦੀ ਆਗਿਆ ਦਿੱਤੀ ਹੈ। ਫਿਰ ਵੀ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਜਰੂਰੀ ਦਿਸਾ ਨਿਰਦੇਸਾਂ ਦੀ ਪਾਲਣਾ ਨੂੰ ਯਕੀਨੀ ਬਣਾਉਣਾ ਜਰੂਰੀ ਹੈ। ਉਨ੍ਹਾਂ ਕਿਹਾ ਕਿ ਦਿਸਾ ਨਿਰਦੇਸਾਂ ਅਨੁਸਾਰ ਮਨਰੇਗਾ ਅਧੀਨ ਸੁਪਰਵਾਈਜਰੀ ਸਰਪੰਚ/ਜੀ.ਆਰ.ਐੱਸ./ਕਾਮਿਆਂ ਦੇ ਨਾਲ-ਨਾਲ ਕੰਮ ਸੁਰੂ ਕਰਨ ਵਾਲੇ ਖੇਤਰਾਂ ਵਿੱਚ ਨਿਰਦੇਸਾਂ ਦਾ ਪਾਲਣ ਕਰਨਾ ਚਾਹੀਦਾ ਹੈ। ਸੁਪਰਵਾਈਜਰ ਇੱਕ ਵਿਆਪਕ ਕਾਰਜ ਯੋਜਨਾ ਇਸ ਢੰਗ ਨਾਲ ਵਿਕਸਤ ਕਰ ਸਕਦਾ ਹੈ ਕਿ ਉਹ ਕੰਮ ਵਾਲੀ ਥਾਂ ’ਤੇ ਰਿਪੋਰਟ ਕਰਨ ਦੇ ਸਮੇਂ ਤੇ ਮਨਰੇਗਾ ਕਰਮਚਾਰੀਆਂ ਨੂੰ ਕੰਮ ਦੌਰਾਨ ਆਰਾਮ ਦੇਣ ਦੇ ਸਮੇਂ ਵਿੱਚ ਕੁੱਝ ਫਾਸਲਾ ਰੱਖੇ ਜਿਸ ਨਾਲ ਕੰਮ ਵੀ ਸਮੇਂ ਸਿਰ ਮੁਕੰਮਲ ਹੋ ਜਾਵੇ ਤੇ ਕੰਮ ਵਿੱਚ ਕੋਈ ਰੁਕਾਵਟ ਵੀ ਨਾ ਆਵੇ। ਇਸੇ ਤਰ੍ਹਾਂ, ਕਾਰਜ ਖੇਤਰ ਨੂੰ

ਕਾਰਜ ਵਾਲੀ ਥਾਂ 'ਤੇ ਇਸ ਤਰ੍ਹਾਂ ਨਿਰਧਾਰਤ ਕੀਤਾ ਜਾਵੇਗਾ ਕਿ ਮਨਰੇਗਾ ਕਾਮਿਆਂ ਦਰਮਿਆਨ ਘੱਟੋ-ਘੱਟ 1 ਮੀਟਰ ਦੀ ਸਮਾਜਿਕ ਦੂਰੀ ਦੇ ਨਿਯਮ ਨੂੰ ਕਾਇਮ ਰੱਖਿਆ ਜਾ ਸਕੇ।

ਡਾ. ਅਮਰੀਕ ਸਿੰਘ ਸੰਧੂ ਨੇ ਅੱਗੇ ਕਿਹਾ ਕਿ ਬੁਖਾਰ ਜਾਂ ਹੋਰ ਲੱਛਣ ਜਿਵੇਂ ਖੰਘ/ਸਾਹ ਲੈਣ ਵਿੱਚ ਤਕਲੀਫ ਮਹਿਸੂਸ ਕਰਨ ਵਾਲੇ ਮਨਰੇਗਾ ਕਾਮਿਆਂ ਨੂੰ ਘਰ ਵਿੱਚ ਹੀ ਰਹਿਣ ਅਤੇ ਡਾਕਟਰੀ ਸਲਾਹ ਲੈਣ ਲਈ ਪ੍ਰੇਰਿਤ ਕੀਤਾ ਜਾਵੇਗਾ। ਮਨਰੇਗਾ ਵਰਕਰਾਂ ਨੂੰ ਸਲਾਹ ਦਿੱਤੀ ਜਾਏਗੀ ਕਿ ਉਹ ਕਿਸੇ ਨਾਲ ਹੱਥ ਨਾ ਮਿਲਾਉਣ ਜਾਂ ਕਿਸੇ ਨੂੰ ਗਲੇ ਨਾ ਲਗਾਉਣ। ਮਨਰੇਗਾ ਸਟਾਫ ਨੂੰ ਬਿਨਾਂ ਕੰਮ ਤੋਂ ਨਾ ਘੁੰਮਣ ਅਤੇ ਉਨ੍ਹਾਂ ਦੇ ਨਿਰਧਾਰਤ ਖੇਤਰ/ਸਾਈਟ ਤੋਂ ਹੀ ਕੰਮ ਕਰਨ ਦੀ ਸਲਾਹ ਦਿੱਤੀ ਜਾਵੇ। ਉਨ੍ਹਾਂ ਅੱਗੇ ਹਦਾਇਤ ਜਾਰੀ ਕਰਦਿਆਂ ਕਿਹਾ ਕਿ ਸਰਪੰਚ/ਜੀਆਰਐਸ ਸਮੇਤ ਸਾਰਿਆਂ ਨੂੰ ਹਰ ਸਮੇਂ ਕੱਪੜੇ ਦੇ ਮਾਸਕ ਪਹਿਨਣੇ ਚਾਹੀਦੇ ਹਨ। ਮਾਸਕ ਨੂੰ ਇਸ ਢੰਗ ਨਾਲ ਪਹਿਨਿਆ ਜਾਣਾ ਚਾਹੀਦਾ ਹੈ ਕਿ ਇਹ ਨੱਕ ਦੇ ਨਾਲ ਨਾਲ ਮੂੰਹ ਨੂੰ ਵੀ ਕਵਰ ਕਰੇ। ਕੱਪੜੇ ਦੇ ਮਾਸਕ ਨੂੰ ਵਰਤੋਂ ਬਾਅਦ ਰੋਜ ਸਾਬਣ ਅਤੇ ਪਾਣੀ ਨਾਲ ਧੋਣਾ ਚਾਹੀਦਾ ਹੈ। ਹੱਥ ਧੋਣ ਅਤੇ ਰੋਗਾਣੂ-ਮੁਕਤ ਕਰਨ ਸਬੰਧੀ ਦਿਸਾ-ਨਿਰਦੇਸਾਂ ਨੂੰ ਵਿਸਥਾਰ ਨਾਲ ਦੱਸਦਿਆਂ, ਉਨ੍ਹਾਂ ਕਿਹਾ ਕਿ ਕਾਰਜ ਵਾਲੀ ਥਾਂ 'ਤੇ ਲੋੜੀਂਦੀ ਮਾਤਰਾ ਵਿਚ ਪਾਣੀ ਅਤੇ ਸਾਬਣ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾਵੇ। ਮਨਰੇਗਾ ਵਰਕਰਾਂ ਨੂੰ ਪ੍ਰੇਰਿਤ ਕੀਤਾ ਜਾਵੇ ਕਿ ਜਦੋਂ ਵੀ ਹੱਥ ਧੋਣ ਦਾ ਮੌਕਾ ਮਿਲੇ, ਉਹ ਘੱਟੋ-ਘੱਟ ਹੱਥਾਂ ਨੂੰ 40 ਸੈਕਿੰਡ ਤੱਕ ਚੰਗੀ ਤਰ੍ਹਾਂ ਧੋਣ, ਨਾਲ ਹੀ ਉਹ ਹਥੇਲੀ, ਹੱਥ ਦਾ ਪਿਛਲਾ ਪਾਸਾ, ਉਂਗਲਾਂ ਅਤੇ ਅੰਗੂਠੇ ਵਿਚਕਾਰ ਵੀ ਚੰਗੀ ਤਰ੍ਹਾਂ ਸਾਬਣ ਤੇ ਪਾਣੀ ਨਾਲ ਹੱਥ ਸਾਫ ਕਰਨ। ਹਰ ਦੋ ਘੰਟੇ ਬਾਅਦ ਹੱਥ ਧੋਣ ਦੀ ਸਿਫਾਰਸ ਗਈ ਹੈ। ਉੱਪਰ ਦੱਸੇ ਅਨੁਸਾਰ ਕੰਮ ਸੁਰੂ ਕਰਨ ਤੋਂ ਪਹਿਲਾਂ ਅਤੇ ਕੰਮ ਕਰਨ ਤੋਂ ਬਾਅਦ ਹੱਥ ਲਾਜਮੀ ਤੌਰ 'ਤੇ ਸਾਬਣ ਅਤੇ ਪਾਣੀ ਨਾਲ ਧੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਜੇ ਕੋਈ ਮਨਰੇਗਾ ਵਰਕਰ ਤੇਜ ਬੁਖਾਰ/ਖੰਘ/ਛਿੱਕ/ ਸਾਹ ਲੈਣ ਵਿੱਚ ਮੁਸਕਲ ਮਹਿਸੂਸ ਕਰੇ, ਤਾਂ ਉਹ ਖੁਦ ਸੁਪਰਵਾਈਜਰ ਨੂੰ ਇਸ ਦੀ ਜਾਣਕਾਰੀ ਦੇਵੇ ਅਤੇ ਸਮੇਂ ਸਿਰ ਬੀਮਾਰੀ ਦਾ ਪਤਾ ਲਗਾਉਣ ਅਤੇ ਇਲਾਜ ਲਈ ਤੁਰੰਤ ਡਾਕਟਰੀ ਸਲਾਹ ਲਵੇ। ਮਨਰੇਗਾ ਵਰਕਰਾਂ ਨੂੰ ਇੱਕ ਦੂਜੇ ਤੋਂ ਇਨਫੈਕਸਨ ਨੂੰ ਰੋਕਣ ਲਈ ਉਹਨਾਂ ਨੂੰ ਇਕ ਦੂਜੇ ਨਾਲ ਦੁਪਹਿਰ ਦੇ ਖਾਣੇ/ਸਨੈਕਸ ਇੱਕਠਿਆਂ ਨਹੀਂ ਖਾਣੇ ਚਾਹੀਦੇ। ਜੇ ਕੋਈ ਕੰਮ ਦੌਰਾਨ ਸੰਪਰਕ ਵਿੱਚ ਆਉਣ ਕਰਕੇ ਕੋਵਿਡ-19 ਤੋਂ ਪੀੜਤ ਪਾਇਆ ਜਾਂਦਾ ਹੈ ਤਾਂ ਉਸ ਨੂੰ ਘਬਰਾਉਣ ਦੀ ਜਰੂਰਤ ਨਹੀਂ ਹੈ। ਕਿਸੇ ਨੂੰ ਹੈਲਪਲਾਈਨ ਨੰਬਰ 104 / ਸਟੇਟ ਕੰਟਰੋਲ ਰੂਮ ਨੰਬਰ 0172-2920074/08872090029 ਨੂੰ ਰਿਪੋਰਟ ਕਰਨੀ ਚਾਹੀਦੀ ਹੈ, ਤਾਂ ਜੋ ਬੀਮਾਰੀ ਦਾ ਸਹੀ ਕਾਰਨ ਪਤਾ ਲੱਗ ਸਕੇ ਤੇ ਪੀੜਤ ਦੀ ਅਗਲੇਰੀ ਕਾਰਵਾਈ ਲਈ ਡਾਕਟਰ ਦੀ ਸਹਾਇਤਾ ਕੀਤੀ ਜਾ ਸਕੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਨਰਮੇ ਦੀ ਸੁੱਚਜੀ ਕਾਸਤ ਲਈ ਰੱਖੋ ਇੰਨ੍ਹਾਂ ਗੱਲਾਂ ਦਾ ਖਿਆਲ- ਡਾ.ਬਹਾਦਰ ਸਿੰਘ ਸਿੱਧੂ

-ਜੇ ਕਣਕ ਨੂੰ ਪਾਈ ਸੀ ਡੀਏਪੀ ਤਾਂ ਨਰਮੇ ਨੂੰ ਡੀਏਪੀ ਪਾਉਣ ਦੀ ਜਰੂਰਤ ਨਹੀਂ

ਬਠਿੰਡਾ, 28 ਅਪ੍ਰੈਲ

ਡਿਪਟੀ ਕਮਿਸ਼ਨਰ ਬਠਿੰਡਾ ਸ਼੍ਰੀ ਬੀ. ਸ੍ਰੀ ਨਿਵਾਸਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਾ. ਸੁਤੰਤਰ ਕੁਮਾਰ ਐਰੀ,ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੀ ਯੋਗ ਅਗਵਾਈ ਹੇਠ ਸੀ.ਡੀ.ਪੀ. ਸਕੀਮ ਤਹਿਤ ਡਾ. ਬਹਾਦਰ ਸਿੰਘ

ਸਿੱਧੂ, ਡੀ.ਡੀ.ਏ.(ਦਾਲਾਂ) ਨੇ ਕਿਸਾਨਾਂ ਨੂੰ ਨਰਮੇ ਦੀ ਕਾਸਤ ਕਰਨ ਦੀ ਅਪੀਲ ਕਰਦਿਆਂ ਉਨ੍ਹਾਂ ਨੂੰ ਨਰਮੇ ਦੀ ਕਾਸਤ ਸਬੰਧੀ ਜਰੂਰੀ ਨੁਕਤੇ ਉਨ੍ਹਾਂ ਨਾਲ ਸਾਂਝੇ ਕੀਤੇ ਹਨ।

ਸ: ਸਿੱਧੂ ਨੇ ਕਿਹਾ ਕਿ ਕਿਸਾਨ ਨਰਮੇ ਦਾ ਬੀਜ ਆਪੋ ਅਪਣੇ ਦੁਕਾਨਦਾਰਾਂ ਨੂੰ ਫੋਨ ਰਾਹੀ ਆਰਡਰ ਕਰਕੇ ਮੰਗਵਾ ਸਕਦੇ ਹਨ ਜਾਂ ਪਿੰਡਾ ਦੀਆਂ ਕੋਆਪਰੇਟਿਵ ਸੋਸਾਇਟੀਆਂ ਤੋ ਲੈ ਸਕਦੇ ਹਨ।ਨਰਮੇ ਦੀ ਬਿਜਾਈ ਜਮੀਨ ਨੂੰ ਡੂੰਘਾ ਵਾਹਕੇ ਭਰਵੀ ਰੋਣੀ ਨਹਿਰੀ ਪਾਣੀ ਨਾਲ ਜਾਂ ਚੰਗੇ ਇੱਕ ਨੰਬਰ ਪਾਣੀ ਨਾਲ ਕਰਕੇ ਹੀ ਕੀਤੀ ਜਾਵੇ।ਜਿਥੇ ਕਿਤੇ ਬੋਰਾਂ ਦਾ ਪਾਣੀ ਮਾੜਾ ਹੈ ਉੱਥੇ ਨਰਮੇ ਦੇ ਬੀਜ ਨੂੰ ਨਹਿਰੀ ਪਾਣੀ ਵਿੱਚ ਇੱਕ ਦੋ ਘੰਟੇ ਭਿਓ ਕੇ ਬਿਜਾਈ ਕੀਤੀ ਜਾਵੇ। ਜੇਕਰ ਨਰਮੇ ਦੀ ਬਿਜਾਈ ਸਬੰਧੀ ਕੋਈ ਵੀ ਸੱਮਸਿਆ ਆਉਂਦੀ ਹੈ ਤਾਂ ਖੇਤੀਬਾੜੀ ਮਹਿਕਮੇ ਦੇ ਅਧਿਕਾਰੀਆਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਜੇਕਰ ਹਾੜੀ ਦੀ ਫਸਲ ਕਣਕ ਨੂੰ ਇੱਕ ਗੱਟਾ ਡੀ.ਏ.ਪੀ ਖਾਦ ਪਾਈ ਗਈ ਹੈ ਤਾਂ ਨਰਮੇ ਦੀ ਫਸਲ ਨੂੰ ਡੀ.ਏ.ਪੀ. ਖਾਦ ਨਾ ਪਾਈ ਜਾਵੇ।ਰੇਤਲੀਆਂ ਜਮੀਨਾਂ ਵਿੱਚ ਕਪਾਹ ਦੀ ਫਸਲ ਦੀ ਬਿਜਾਈ ਸਮੇ 20 ਕਿਲੋ ਮਿਓਰਿਟ ਆਫ ਪੋਟਾਸ਼ ਅਤੇ 10 ਕਿਲੋ ਜਿੰਕ ਸਲਫੇਟ 21 % ਜਾਂ 6.5 ਕਿਲੋ ਜਿੰਕ ਸਲਫੇਟ 33% ਪ੍ਰਤੀ ਏਕੜ ਪਾਇਆ ਜਾਵੇ। ਦਰਮਿਆਣੀਆਂ ਅਤੇ ਭਾਰੀਆਂ ਜਮੀਨਾਂ ਵਿੱਚ ਯੂਰੀਆ ਖਾਦ ਦੀਆਂ ਦੋ ਕਿਸ਼ਤਾਂ 1 ਗੱਟਾ ਯੂਰੀਆ ਬੂਟੇ ਵਿਰਲੇ ਕਰਨ ਸਮੇ ਅਤੇ ਇੱਕ ਗੱਟਾ ਫੁੱਲ ਨਿਕਲਨ ਸਮੇਂ ਤੇ ਪਾਇਆ ਜਾਵੇ। ਹਲਕੀਆਂ ਤੇ ਰੇਤਲੀਆਂ ਜਮੀਨਾਂ ਵਿੱਚ ਇੱਕ ਗੱਟਾ ਯੂਰੀਆ ਬਿਜਾਈ ਸਮੇ ਤੇ ਦੂਜਾ ਫੁੱਲ ਨਿਕਲ ਸਮੇਂ ਪਾਇਆ ਜਾਵੇ। ਨਦੀਨਾਂ ਦੀ ਰੋਕਥਾਮ ਲਈ ਬਿਜਾਈ ਤੋ 24 ਘੰਟੇ ਦੇ ਅੰਦਰ-2 ਸਟੌਂਪ 30 ਈ.ਸੀ. ਇੱਕ ਲਿਟਰ ਪ੍ਰਤੀ ਏਕੜ ਦੇ ਹਿਸਾਬ ਨਾਲ 200 ਲਿਟਰ ਪਾਣੀ ਵਿੱਚ ਮਿਲਾਕੇ ਸਪਰੇਅ ਕੀਤੀ ਜਾ ਸਕਦੀ ਹੈ।

ਉਨਾਂ੍ਹ ਦੱਸਿਆ ਕਿ ਖੇਤੀਬਾੜੀ ਮਹਿਕਮੇ ਵਲੋ 32 ਕੰਪਨੀਆਂ ਦੀਆਂ 96 ਕਿਸਮਾਂ ਦੇ ਬੀ.ਟੀ. ਨਰਮੇ ਦੀ ਬਿਜਾਈ ਕਈ ਸਿਫਾਰਿਸ਼ ਕੀਤੀ ਗਈ ਹੈ।ਝੋਨੇ ਦੀਆਂ ਵੱਧ ਸਮਾ ਲੈਣ ਵਾਲੀਆਂ / ਗੈਰ ਪ੍ਰਮਾਣਿਤ ਕਿਸਮਾਂ ਪੂਸਾ 44, 212 ਆਦਿ ਦੀ ਬਿਜਾਈ ਕਰਨ ਨਾਲ ਜਮੀਨੀ ਪਾਣੀ ਦਾ ਪੱਧਰ ਨੀਚੇ ਜਾ ਰਿਹਾ ਹੈ। ਇਹ ਕਿਸਮਾਂ ਪੀ.ਏ.ਯੂ. ਵਲੋ ਸਿਫਾਰਿਸ਼ ਕੀਤੀਆਂ ਕਿਸਮਾਂ ਨਾਲੋ 30-35 ਦਿਨ ਦਾ ਵੱਧ ਸਮਾਂ ਲੈਂਦੀਆ ਹਨ ਜਿਨ੍ਹਾਂ ਨੂੰ ਵੱਧ ਪਾਣੀ ਦੀ ਲੋੜ ਪੈਂਦੀ ਹੈ ਅਤੇ ਕੀੜੇ ਮਕੋੜਿਆਂ ਤੇ ਬੀਮਾਰੀਆਂ ਦੀ ਰੋਕਥਾਮ ਲਈ 2-3 ਸਪਰੇਆਂ ਵੱਧ ਕਰਨ ਦੀ ਲੋੜ ਪੈਂਦੀ ਹੈ।ਇਸ ਨਾਲ ਲਾਗਤ ਵੱਧਦੀ ਹੈ ਤੇ ਵਾਤਾਵਰਣ ਵੀ ਪ੍ਰਦੂਸ਼ਿਤ ਹੁੰਦਾ ਹੈ।ਇਸ ਸਮੇਂ ਕੋਰੋਨਾ ਵਾਇਰਸ ਕੋਵਿਡ -19 ਕਾਰਣ ਝੋਨੇ ਦੀ ਬਿਜਾਈ ਕਰਵਾਉਣ ਲਈ ਲੇਬਰ ਦੀ ਇੱਕ ਵੱਡੀ ਸੱਮਸਿਆ ਹੈ ।ਇਸ ਲਈ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਸਰਕਾਰ ਵਲੋ ਕੋਰੋਨਾ ਵਾਇਰਸ ਸਬੰਧੀ ਜਾਰੀ ਹਦਾਇਤਾਂ ਦੀ ਪਾਲਨਾ ਕਰਦੇ ਹੋਏ ਵੱਧ ਤੋ ਵੱਧ ਰਕਬਾ ਝੋਨੇ ਹੇਠੋਂ ਕੱਢ ਕੇ ਨਰਮੇ ਹੇਠ ਲਿਆਂਦਾ ਜਾਵੇ।ਨਹਿਰੀ ਪਾਣੀ ਦੀ ਸਪਲਾਈ ਆ ਗਈ ਹੈ ਅਤੇ ਨਰਮੇ ਦੇ ਬੀਜ ਦੀ ਵੀ ਕੋਈ ਕਮੀ ਨਹੀ ਹੈ।